# ਦਫਤਰ ਸੀਨੀਅਰ ਕਪਤਾਨ ਪੁਲਿਸ ਫਿਰੋਜ਼ਪੁਰ

**ਪ੍ਰੈਸ ਨੋਟ**

**ਮਿਤੀ: 01 ਮਈ 2024**

**ਫਿਰੋਜ਼ਪੁਰ ਪੁਲਿਸ ਵੱਲੋਂ ਨਸ਼ਾ ਤਸਕਰਾਂ ਖਿਲਾਫ ਸਖਤ ਕਾਰਵਾਈ ਕਰਦੇ ਹੋਏ 03 ਵਿਅਕਤੀਆਂ ਨੂੰ ਕਾਬੂ ਕਰਕੇ ਉਹਨਾਂ ਪਾਸੋਂ 01 ਕਿੱਲੋਗ੍ਰਾਮ ਹੈਰੋਇਨ ਅਤੇ 01 ਕਾਰ ਬਰਾਮਦ ਕੀਤੀ।**

**ਮੁਕੱਦਮਾ ਨੰਬਰ 27 ਮਿਤੀ 01.05.2024 ਅ/ਧ 21-C/61/85 ਐੱਨ.ਡੀ.ਪੀ.ਐੱਸ. ਐਕਟ ਥਾਣਾ ਤਲਵੰਡੀ ਭਾਈ**

- **ਦੋਸ਼ੀ ਵਿਅਕਤੀਆਂ ਦਾ ਨਾਮ ਅਤੇ ਪੂਰਾ ਪਤਾ:-**

  1) ਨਛੱਤਰ ਸਿੰਘ ਉਰਫ ਸੱਤੀ ਪੁੱਤਰ ਅਵਤਾਰ ਸਿੰਘ ਵਾਸੀ ਪਿੰਡ ਦੁਨੇ ਕੇ ਥਾਣਾ ਸਿਟੀ ਮੋਗਾ (ਗ੍ਰਿਫਤਾਰੀ ਮਿਤੀ 01.05.2024)
  2) ਪ੍ਰਦੀਪ ਸਿੰਘ ਉਰਫ ਨੂਰੀ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਗਜੱਨ ਵਾਲਾ ਥਾਣਾ ਸਿਟੀ ਬਾਘਾ ਪੁਰਾਣਾ (ਗ੍ਰਿਫਤਾਰੀ ਮਿਤੀ 01.05.2024)
  3) ਗੁਰਮੀਤ ਸਿੰਘ ਉਰਫ ਗੋਲੂ ਪੁੱਤਰ ਮਨਜੀਤ ਸਿੰਘ ਵਾਸੀ ਵਾਰਡ ਨੰਬਰ 45, ਥਾਣਾ ਸਿਟੀ ਮੋਗਾ (ਗ੍ਰਿਫਤਾਰੀ ਮਿਤੀ 01.05.2024)

- **ਬਰਾਮਦਗੀ ਦਾ ਵੇਰਵਾ:-**

  01 ਕਿੱਲੋਗ੍ਰਾਮ ਹੈਰੋਇਨ ਅਤੇ 01 ਕਾਰ

- **ਦੋਸ਼ੀ ਨਛੱਤਰ ਸਿੰਘ ਉਰਫ ਸੱਤੀ ਉਕਤ ਦਾ ਪਿਛੋਕੜ ਕ੍ਰਿਮੀਨਲ ਰਿਕਾਰਡ :-**

  1) ਮੁਕੱਦਮਾ ਨੰ: 207 ਮਿਤੀ 29.11.2021 ਅ/ਧ 380/457 ਆਈ.ਪੀ.ਸੀ, ਥਾਣਾ ਸਿਟੀ ਮੋਗਾ ਜਿਲ੍ਹਾ ਮੋਗਾ
  2) ਮੁਕੱਦਮਾ ਨੰ: 212 ਮਿਤੀ 04.12.2021 ਅ/ਧ 380/457/411 ਆਈ.ਪੀ.ਸੀ ਅਤੇ 25 ਅਸਲਾ ਐਕਟ ਥਾਣਾ ਸਿਟੀ ਮੋਗਾ ਜਿਲ੍ਹਾ ਮੋਗਾ

# ਸੰਖੇਪ ਹਲਾਤ

ਸ਼੍ਰੀਮਤੀ ਸੋਮਿਆ ਮਿਸ਼ਰਾ, ਆਈ.ਪੀ.ਐਸ, ਐਸ.ਐਸ.ਪੀ. ਫਿਰੋਜਪੁਰ ਜੀ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਨਸ਼ਾ ਤਸਕਰਾਂ, ਸਮਾਜ ਵਿਰੋਧੀ ਅਨਸਰਾਂ ਅਤੇ ਸ਼ਰਾਰਤੀ ਅਨਸਰਾਂ ਦੀਆਂ ਵਾਰਦਾਤਾਂ ਨੂੰ ਪੂਰੀ ਤਰ੍ਹਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ।ਇਸ ਲੜੀ ਵਿੱਚ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐੱਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ ਸ਼੍ਰੀ ਬਲਕਾਰ ਸਿੰਘ ਪੀ.ਪੀ.ਐੱਸ., ਡੀ.ਐੱਸ.ਪੀ.(ਡੀ) ਫਿਰੋਜ਼ਪੁਰ ਅਤੇ ਸ਼੍ਰੀ ਰਾਜੇਸ਼ ਕੁਮਾਰ, ਪੀ.ਪੀ.ਐੱਸ., ਡੀ.ਐੱਸ.ਪੀ.(ਦਿਹਾਤੀ) ਫਿਰੋਜ਼ਪੁਰ ਦੀ ਨਿਗਰਾਨੀ ਹੇਠ ਮੁੱਖ ਅਫਸਰ ਥਾਣਾ ਤਲਵੰਡੀ ਭਾਈ ਸਬ-ਇੰਸਪੈਕਟਰ ਚਰਨ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾਂ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਬਾ-ਹੱਦ ਰਕਬਾ ਪਿੰਡ ਹਰਾਜ ਵਹੀਕਲਾਂ ਦੀ ਚੈਕਿੰਗ ਕਰ ਰਹੇ ਸੀ ਤਾਂ ਕਿ ਇੱਕ ਕਾਰ ਹਾਂਡਾ ਸਿਟੀ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਪ੍ਰੰਤੂ ਕਾਰ ਚਾਲਕ ਨੇ ਕਾਰ ਰੋਕਣ ਦੀ ਬਜਾਏ ਭਜਾਉਣ ਦੀ ਕੋਸ਼ਿਸ ਕੀਤੀ ਜਿਸ ਤੇ ਮੁੱਖ ਅਫਸਰ ਥਾਣਾ ਤਲਵੰਡੀ ਭਾਈ ਨੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਘੇਰਾਬੰਦੀ ਕਰਕੇ ਕਾਰ ਨੂੰ ਰੋਕ ਲਿਆ, ਜਿਸ ਵਿੱਚ ਤਿੰਨ ਨੋਜਵਾਨ ਸਵਾਰ ਸਨ, ਜਿੰਨਾ ਦਾ ਨਾਮ ਪਤਾ ਪੁੱਛਣ ਤੇ ਕਾਰ ਚਾਲਕ ਨੇ ਆਪਣਾ ਨਾਮ ਨਛੱਤਰ ਸਿੰਘ ਉਰਫ ਸੱਤੀ ਪੁੱਤਰ ਅਵਤਾਰ ਸਿੰਘ ਵਾਸੀ ਪਿੰਡ ਦੁਨੇ ਕੇ ਥਾਣਾ ਸਿਟੀ ਮੋਗਾ ਅਤੇ ਅੱਗੇ ਵਾਲੀ ਸੀਟ ਪਰ ਬੈਠੇ ਨੋਜਵਾਨ ਨੇ ਆਪਣਾ ਨਾਮ ਪ੍ਰਦੀਪ ਸਿੰਘ ਉਰਫ ਨੂਰੀ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਗੱਜਣ ਵਾਲਾ ਥਾਣਾ ਸਿਟੀ ਬਾਘਾ ਪੁਰਾਣਾ ਅਤੇ ਪਿਛਲੀ ਸੀਟ ਪਰ ਬੈਠੇ ਨੋਜਵਾਨ ਨੇ ਆਪਣਾ ਨਾਮ ਗੁਰਮੀਤ ਸਿੰਘ ਉਰਫ ਗੋਲੂ ਪੁੱਤਰ ਮਨਜੀਤ ਸਿੰਘ ਵਾਸੀ ਵਾਰਡ ਨੰਬਰ 45, ਥਾਣਾ ਸਿਟੀ ਮੋਗਾ ਦੱਸਿਆ। ਇਸ ਤੋਂ ਬਾਅਦ ਸ਼ੱਕ ਦੇ ਬਿਨਾਅ ਤੇ ਤਲਾਸ਼ੀ ਕਰਨ ਪਰ ਇਹਨਾਂ ਪਾਸੋਂ ਕੁੱਲ 01 ਕਿੱਲੋ ਹੈਰੋਇਨ ਬਰਾਮਦ ਹੋਈ ਜਿਸ ਤੇ ਮੁਕੱਦਮਾ ਨੰਬਰ 27 ਮਿਤੀ 01.05.2024 ਅ/ਧ 21-C/61/85 ਐੱਨ.ਡੀ.ਪੀ.ਐੱਸ. ਐਕਟ ਥਾਣਾ ਤਲਵੰਡੀ ਭਾਈ ਵਿਖੇ ਦਰਜ ਰਜਿਸਟਰ ਕੀਤਾ ਗਿਆ। ਦੋਸ਼ੀਆਨ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਿਲ ਕੀਤਾ ਜਾਵੇਗਾ ਅਤੇ ਪੁੱਛ-ਗਿੱਛ ਦੌਰਾਨ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।